15ਵੀਂ ਵਿਧਾਨ ਸਭਾ
ਸੱਤਵਾਂ ਸਮਾਗਮ

# ਪੰਜਾਬ ਵਿਧਾਨ ਸਭਾ

## ਬੁਲੇਟਿਨ ਨੰ. 7
**ਵੀਰਵਾਰ, 21 ਫਰਵਰੀ, 2019**
(10.00 ਵਜੇ ਸਵੇਰ ਤੋਂ 2.30 ਵਜੇ ਬਾਅਦ ਦੁਪਹਿਰ ਤੱਕ)

1. **ਪ੍ਰਸ਼ਨ:**

(ੳ) ਨਿਸ਼ਾਨ ਵਾਲੇ ਪ੍ਰਸ਼ਨ:

| ਕ੍ਰਮ ਪੱਤਰ ਤੇ ਕੁੱਲ ਪ੍ਰਸ਼ਨ | ਉੱਤਰ ਦਿੱਤੇ ਗਏ | ਪੁੱਛੇ ਨਾ ਗਏ | ਮੁਲਤਵੀ ਕੀਤੇ ਗਏ | ਨਿਯਮ 38 ਅਧੀਨ ਉੱਤਰ ਦਿੱਤੇ ਗਏ | ਅਨੁਪੂਰਕਾਂ ਦੀ ਗਿਣਤੀ |
|---|---|---|---|---|---|
| 20 | 10 | 09 | 01 | - | 31 |

(ਅ) ਅੱਜ ਦੀ ਸੂਚੀ ਵਿੱਚ ਦਰਜ ਪ੍ਰਸ਼ਨਾਂ ਤੋਂ ਬਾਅਦ ਥੋੜ੍ਹੀ ਮੋਹਲਤ ਦੇ ਨਿਸ਼ਾਨ ਵਾਲੇ ਪ੍ਰਸ਼ਨ ਨੰਬਰ 2098 ਤੇ ਤਕਨੀਕੀ ਸਿੱਖਿਆ ਮੰਤਰੀ ਵੱਲੋਂ ਜਵਾਬ ਦਿੱਤਾ ਗਿਆ।

(ੲ) ਬਿਨਾਂ ਨਿਸ਼ਾਨ ਵਾਲੇ ਪ੍ਰਸ਼ਨ: 06

2. **ਮਾਨਯੋਗ ਸਪੀਕਰ ਵੱਲੋਂ ਸਵਾਗਤੀ ਐਲਾਨ**

1. ਮਾਨਯੋਗ ਸਪੀਕਰ ਵੱਲੋਂ ਕੈਪਟਨ ਅਭਿਮਨਯੂ ਸਿੰਘ, ਵਿੱਤ ਮੰਤਰੀ, ਹਰਿਆਣਾ; ਸ਼੍ਰੀ ਕ੍ਰਿਸ਼ਨ ਲਾਲ ਪਨਵਰ, ਟਰਾਂਸਪੋਰਟ ਮੰਤਰੀ, ਹਰਿਆਣਾ; ਸ਼੍ਰੀ ਓਮ ਪ੍ਰਕਾਸ਼ ਯਾਦਵ, ਸ਼੍ਰੀ ਅਭੈ ਸਿੰਘ ਯਾਦਵ, ਸ਼੍ਰੀ ਉਮੇਸ਼ ਅਗਰਵਾਲ ਅਤੇ ਸ਼੍ਰੀ ਬਖਸ਼ੀਸ਼ ਸਿੰਘ ਵਿਰਕ, ਐਮ.ਐਲ.ਏਜ਼ ਹਰਿਆਣਾ ਦੇ ਸਦਨ ਵਿੱਚ ਹਾਜ਼ਰ ਹੋਣ ਬਾਰੇ ਸਦਨ ਨੂੰ ਜਾਣੂੰ ਕਰਵਾਇਆ ਗਿਆ ਅਤੇ ਸਮੂਹ ਸਦਨ ਵੱਲੋਂ ਉਨ੍ਹਾਂ ਨੂੰ ਜੀ ਆਇਆਂ ਕਿਹਾ ਗਿਆ।
2. ਮਾਨਯੋਗ ਸਪੀਕਰ ਵੱਲੋਂ ਸ਼੍ਰੀ ਭੁਪਿੰਦਰ ਸਿੰਘ ਹੁੱਡਾ, ਸਾਬਕਾ ਮੁੱਖ ਮੰਤਰੀ, ਹਰਿਆਣਾ ਅਤੇ ਸ਼੍ਰੀ ਕੁਲਦੀਪ ਸ਼ਰਮਾ, ਸਾਬਕਾ ਸਪੀਕਰ, ਹਰਿਆਣਾ ਵਿਧਾਨ ਸਭਾ ਦੇ ਸਦਨ ਵਿੱਚ ਹਾਜ਼ਰ ਹੋਣ ਬਾਰੇ ਸਦਨ ਨੂੰ ਜਾਣੂੰ ਕਰਵਾਇਆ ਗਿਆ ਅਤੇ ਸਮੂਹ ਸਦਨ ਵੱਲੋਂ ਉਨ੍ਹਾਂ ਨੂੰ ਜੀ ਆਇਆਂ ਕਿਹਾ ਗਿਆ।

3. **ਵਾਕ ਆਊਟ**

ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਦੇ ਸਦਨ ਵਿੱਚ ਹਾਜ਼ਰ ਮੈਂਬਰ ਮੌਜੂਦਾ ਸਰਕਾਰ ਵੱਲੋਂ ਪਿਛਲੇ ਸਮੇਂ ਦੌਰਾਨ ਦਲਿਤ ਵਰਗ ਤੋਂ ਵਾਧੂ ਵਸੂਲੇ ਗਏ ਬਿਜਲੀ ਬਿਲਾਂ ਦੀ ਰਾਸ਼ੀ ਨੂੰ ਵਾਪਸ ਕਰਨ ਦੀ ਮੰਗ ਨੂੰ ਲੈ ਕੇ ਨਾਅਰੇ ਮਾਰਦੇ ਹੋਏ ਸਦਨ ਵਿਚੋਂ ਵਾਕ ਆਊਟ ਕਰ ਗਏ।

4. **ਧਿਆਨ ਦਿਵਾਊ ਨੋਟਿਸ**

1. ਸਰਦਾਰ ਕੰਵਰ ਸੰਧੂ, ਐਮ.ਐਲ.ਏ ਵਲੋਂ ਰਾਜ ਵਿੱਚ ਬੇਈਮਾਨ ਟਰੈਵਲ ਏਜੰਟਾਂ ਦੁਆਰਾ ਨੌਜਵਾਨਾਂ ਦੀ ਕੀਤੀ ਜਾ ਰਹੀ ਲੁੱਟ-ਖਸੁੱਟ ਵੱਲ ਸਰਕਾਰ ਦਾ ਧਿਆਨ ਦਿਵਾਇਆ ਗਿਆ।

(ਨੰ: 17)

ਸੰਸਦੀ ਮਾਮਲੇ ਮੰਤਰੀ ਨੇ ਜਵਾਬ ਦਿੱਤਾ।

2. ਸਰਦਾਰ ਮਨਜੀਤ ਸਿੰਘ, ਐਮ.ਐਲ.ਏ., ਸ਼੍ਰੀ ਅਮਨ ਅਰੋੜਾ, ਐਮ.ਐਲ.ਏ. ਅਤੇ ਸਰਦਾਰ ਸਿਮਰਜੀਤ ਸਿੰਘ ਬੈਂਸ, ਐਮ.ਐਲ.ਏ. ਵਲੋਂ ਰਾਜ ਵਿੱਚ ਅਮਰੀਕਨ ਸਾਨ੍ਹਾਂ (ਜਰਸੀ), ਗਊਆਂ, ਅਵਾਰਾ ਜਾਨਵਰਾਂ ਅਤੇ ਅਵਾਰਾ ਕੁੱਤਿਆਂ ਵੱਲ ਸਰਕਾਰ ਦਾ ਧਿਆਨ ਦਿਵਾਇਆ ਗਿਆ।

(ਨੰ. 22, 33 ਅਤੇ 42)

ਪਸ਼ੂ ਪਾਲਣ ਮੰਤਰੀ ਨੇ ਜਵਾਬ ਦਿੱਤਾ।

3. ਸਰਦਾਰ ਹਰਪਾਲ ਸਿੰਘ ਚੀਮਾ, ਐਮ.ਐਲ.ਏ., ਸਰਦਾਰ ਕੁਲਤਾਰ ਸਿੰਘ ਸੰਧਵਾਂ, ਐਮ.ਐਲ.ਏ. ਅਤੇ ਸ਼੍ਰੀ ਗੁਰਮੀਤ ਸਿੰਘ ਮੀਤ ਹੇਹਰ, ਐਮ.ਐਲ.ਏ ਵਲੋਂ ਰਾਜ ਵਿੱਚ ਬਿਜਲੀ ਦੀਂ ਵੱਧ ਕੀਮਤ ਵੱਲ ਸਰਕਾਰ ਦਾ ਧਿਆਨ ਦਿਵਾਇਆ ਗਿਆ।

(ਨੰ.23)

ਬਿਜਲੀ ਮੰਤਰੀ ਨੇ ਜਵਾਬ ਦਿੱਤਾ।

5. **ਰਿਪੋਰਟ ਪੇਸ਼ ਕਰਨਾ**

ਕੁਐਸਚਨਜ਼ ਅਤੇ ਰੈਫਰੈਂਸਿਜ਼ ਕਮੇਟੀ ਦੇ ਸਭਾਪਤੀ (ਸਰਦਾਰ ਇੰਦਰਬੀਰ ਸਿੰਘ ਬੁਲਾਰੀਆ) ਨੇ ਸਾਲ 2018-19 ਲਈ ਕੁਐਸਚਨਜ਼ ਅਤੇ ਰੈਫਰੈਂਸਿਜ਼ ਕਮੇਟੀ ਦੀ 12ਵੀਂ ਰਿਪੋਰਟ ਪੇਸ਼ ਕੀਤੀ।

6. **ਮਤਾ**

ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ ਨੇ ਹੇਠ ਲਿਖਿਆ ਮਤਾ ਸਦਨ ਵਿੱਚ ਪੇਸ਼ ਕੀਤਾ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ:

> "ਕਿ ਜਲ੍ਹਿਆਂਵਾਲਾ ਬਾਗ ਸਾਕੇ ਤੋਂ ਬਾਅਦ ਬ੍ਰਿਟਿਸ਼ ਸਰਕਾਰ ਵਿਰੁੱਧ ਪੈਦਾ ਹੋਏ ਵੱਡੇ ਰੋਸ ਵਜੋਂ ਮਹੰਤਾਂ ਤੋਂ ਗੁਰਦੁਆਰੇ ਆਜ਼ਾਦ ਕਰਵਾਉਣ ਲਈ ਗੁਰਦੁਆਰਾ ਸੁਧਾਰ ਲਹਿਰ ਦਾ ਜਨਮ ਹੋਇਆ ਅਤੇ 21 ਫਰਵਰੀ, 1921 ਨੂੰ ਭਾਈ ਲਛਮਣ ਸਿੰਘ ਧਾਰੋਵਾਲੀ ਦੀ ਰਹਿਨੁਮਾਈ 'ਚ 156 ਸਿੰਘਾਂ ਦਾ ਜੱਥਾ ਮਹੰਤ ਨਰਾਇਣ ਦਾਸ ਤੋਂ ਗੁਰਦੁਆਰਾ ਸ਼੍ਰੀ ਨਨਕਾਣਾ ਸਾਹਿਬ ਆਜ਼ਾਦ ਕਰਵਾਉਣ ਲਈ ਉਥੇ ਪਹੁੰਚਿਆ। ਪਾਠ ਕਰ ਰਹੇ ਇਸ ਸ਼ਾਂਤਮਈ ਜੱਥੇ ਤੇ ਮਹੰਤ ਨਰਾਇਣ ਦਾਸ ਅਤੇ ਉਸ ਦੇ ਗੁੰਡਿਆਂ ਨੇ ਹਥਿਆਰਾਂ, ਤਲਵਾਰਾਂ ਅਤੇ ਕੁਹਾੜੀਆਂ ਨਾਲ ਹਮਲਾ ਕਰ ਦਿੱਤਾ ਅਤੇ ਇਸ ਹਮਲੇ ਵਿੱਚ ਭਾਈ ਲਛਮਣ ਸਿੰਘ ਨੂੰ ਅੱਧਮਰਾ ਕਰਕੇ ਜ਼ਿੰਦਾ ਜਲਾ ਦਿੱਤਾ ਗਿਆ ਅਤੇ ਬਾਕੀ ਸਾਥੀਆਂ ਨੂੰ ਮਾਰ ਕੇ ਉਨ੍ਹਾਂ ਦੇ ਸਰੀਰਾਂ ਨੂੰ ਟੁਕੜਿਆਂ ਵਿੱਚ ਕੱਟ ਕੇ ਉਨ੍ਹਾਂ ਤੇ ਕੈਰੋਸੀਨ ਦਾ ਤੇਲ ਪਾ ਕੇ ਸਾੜ ਦਿੱਤਾ ਗਿਆ। ਇਸ ਸਾਕੇ ਨੂੰ ਵਾਪਰਿਆਂ ਅੱਜ 99 ਸਾਲ ਹੋ ਗਏ ਹਨ ਅਤੇ ਅਗਲੇ ਸਾਲ 100 ਸਾਲ ਪੂਰੇ ਹੋਣੇ ਹਨ। ਇਹ ਸਦਨ ਨਨਕਾਣਾ ਸਾਹਿਬ ਦੇ ਇਨ੍ਹਾਂ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਦਾ ਹੈ ਅਤੇ ਉਨ੍ਹਾਂ ਦੀ ਲਾਮਿਸਾਲ ਸ਼ਹੀਦੀ ਅੱਗੇ ਆਪਣਾ ਸਿਰ ਝੁਕਾਉਂਦਾ ਹੈ। "

ਮਤੇ ਤੇ ਹੋਈ ਬਹਿਸ ਤੇ ਨਿਮਨਲਿਖਤ ਮੈਂਬਰਾਂ ਨੇ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਦੇ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:-

| | | |
|---|---|---|
| 1. | ਸਰਦਾਰ ਹਰਪਾਲ ਸਿੰਘ ਚੀਮਾ, ਵਿਰੋਧੀ ਧਿਰ ਦੇ ਨੇਤਾ | 01 ਮਿੰਟ |
| 2. | ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ, ਸ਼੍ਰੋਮਣੀ ਅਕਾਲੀ ਦਲ | 04 ਮਿੰਟ |
| 3. | ਸ਼੍ਰੀਮਤੀ ਸਰਵਜੀਤ ਕੌਰ ਮਾਣੂੰਕੇ, ਆਮ ਆਦਮੀ ਪਾਰਟੀ | 03 ਮਿੰਟ |
| 4. | ਸਰਦਾਰ ਸੁਖਜਿੰਦਰ ਸਿੰਘ ਰੰਧਾਵਾ, ਸਹਿਕਾਰਤਾ ਮੰਤਰੀ | 17 ਮਿੰਟ |
| 5. | ਸਰਦਾਰ ਹਰਦੇਵ ਸਿੰਘ ਲਾਡੀ, ਇੰਡੀਅਨ ਨੈਸ਼ਨਲ ਕਾਂਗਰਸ | 02 ਮਿੰਟ |
| 6. | ਸਰਦਾਰ ਜੈ ਕ੍ਰਿਸ਼ਨ ਸਿੰਘ, ਆਮ ਆਦਮੀ ਪਾਰਟੀ | 02 ਮਿੰਟ |
| 7. | ਸਰਦਾਰ ਬਲਵਿੰਦਰ ਸਿੰਘ ਬੈਂਸ, ਲੋਕ ਇਨਸਾਫ਼ ਪਾਰਟੀ | 04 ਮਿੰਟ |

ਸਦਨ ਨੇ ਸ਼ਹੀਦਾਂ ਦੀ ਯਾਦ ਵਿੱਚ ਸਤਿਕਾਰ ਵਜੋਂ ਦੋ ਮਿੰਟ ਲਈ ਮੌਨ ਧਾਰਨ ਕੀਤਾ।

7. **ਗੈਰ ਸਰਕਾਰੀ ਮਤਾ**

ਸ਼੍ਰੀ ਅਮਰਿੰਦਰ ਸਿੰਘ ਰਾਜਾ ਵੜਿੰਗ, ਐਮ.ਐਲ.ਏ, ਇੰਡੀਅਨ ਨੈਸ਼ਨਲ ਕਾਂਗਰਸ ਨੇ ਹੇਠ ਲਿਖਿਆ ਗੈਰ ਸਰਕਾਰੀ ਮਤਾ ਸਦਨ ਵਿਚ ਪੇਸ਼ ਕੀਤਾ ਅਤੇ ਮਤਾ ਪੇਸ਼ ਕਰਦੇ ਹੋਏ 28 ਮਿੰਟ ਲਈ ਬੋਲੇ:-

> "ਇਹ ਸਦਨ ਰਾਜ ਸਰਕਾਰ ਨੂੰ ਸਿਫਾਰਸ਼ ਕਰਦਾ ਹੈ ਕਿ ਰਾਜ ਵਿਚ ਸਰਕਾਰੀ ਪ੍ਰਾਇਮਰੀ ਅਤੇ ਐਲੀਮੈਂਟਰੀ ਸਕੂਲਾਂ ਲਈ ਲੋੜੀਂਦੀਆਂ ਅਤੇ ਸੁਰੱਖਿਅਤ ਇਮਾਰਤਾਂ ਵਾਸਤੇ ਮਾਸਟਰ ਪਲਾਨ ਤਿਆਰ ਕਰਕੇ ਇਸ ਲਈ ਵਿਸ਼ੇਸ਼ ਫ਼ੰਡ ਮੁਹੱਈਆ ਕੀਤੇ ਜਾਣ ਅਤੇ ਇਸ ਸੋਸ਼ਲ ਪ੍ਰਾਜੈਕਟ ਲਈ ਦਿਲਚਸਪੀ ਰੱਖਣ ਵਾਲੇ ਪਰਵਾਸੀ ਭਾਰਤੀਆਂ ਦਾ ਸਹਿਯੋਗ ਵੀ ਲਿਆ ਜਾਵੇ। "

ਮਤੇ ਤੇ ਹੋਈ ਬਹਿਸ ਤੇ ਨਿਮਨਲਿਖਤ ਮੈਂਬਰਾਂ ਨੇ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:-

| | | |
|---|---|---|
| 1. | ਸਰਦਾਰ ਤਰਸੇਮ ਸਿੰਘ ਡੀ.ਸੀ, ਇੰਡੀਅਨ ਨੈਸ਼ਨਲ ਕਾਂਗਰਸ | 09 ਮਿੰਟ |
| 2. | ਸਰਦਾਰ ਕੁਲਵੰਤ ਸਿੰਘ ਪੰਡੋਰੀ, ਆਮ ਆਦਮੀ ਪਾਰਟੀ | 04 ਮਿੰਟ |
| 3. | ਡਾਕਟਰ ਸੁਖਵਿੰਦਰ ਕੁਮਾਰ, ਸ਼੍ਰੋਮਣੀ ਅਕਾਲੀ ਦਲ | 07 ਮਿੰਟ |
| 4. | ਸਰਦਾਰ ਕੁਲਤਾਰ ਸਿੰਘ ਸੰਧਵਾਂ, ਆਮ ਆਦਮੀ ਪਾਰਟੀ | 03 ਮਿੰਟ |
| 4. | ਡਾਕਟਰ ਹਰਜੋਤ ਕਮਲ ਸਿੰਘ, ਇੰਡੀਅਨ ਨੈਸ਼ਨਲ ਕਾਂਗਰਸ | 02 ਮਿੰਟ |

ਸਰਦਾਰ ਪਰਗਟ ਸਿੰਘ ਪੋਆਰ, ਮੈਂਬਰ, ਪੈਨਲ ਆਫ਼ ਚੇਅਰਮੈਨ ਨੇ 1.39 ਵਜੇ ਬਾਅਦ ਦੁਪਹਿਰ ਤੋਂ 2.30 ਵਜੇ ਬਾਅਦ ਦੁਪਹਿਰ ਤੱਕ ਸਦਨ ਦੀ ਕੁਰਸੀ ਸੰਭਾਲੀ।

ਇਸ ਉਪਰੰਤ ਸਦਨ ਸ਼ੁੱਕਰਵਾਰ ਮਿਤੀ 22 ਫਰਵਰੀ, 2019 ਦੇ 10.00 ਵਜੇ ਸਵੇਰ ਤੱਕ ਸਥਗਿਤ ਹੋ ਗਿਆ।

**ਚੰਡੀਗੜ੍ਹ:**
**21 ਫਰਵਰੀ, 2019**

**ਸ਼ਸ਼ੀ ਲਖਨਪਾਲ ਮਿਸ਼ਰਾ,**
**ਸਕੱਤਰ ।**

Jaswinder Singh

Chief Reporter
Punjab Vidhan Sabha Sectt.
Chandigarh